# GOD’S SIMPLE PLAN OF SALVATION FROM JOHN



**Why did Jesus die?**

## 1. Man by nature does evil (wrong).

**John 3:19** ਲੋਕਾਂ ਦਾ ਇਸ ਤਥ ਉੱਤੇ ਨਿਰਣਾ ਕੀਤਾ ਜਾਵੇਗਾ, ਚਾਨਣ ਸੰਸਾਰ ਵਿੱਚ ਆ ਚੁਕਿਆ ਹੈ, ਪਰ ਲੋਕਾਂ ਨੇ ਚਾਨਣ ਨੂੰ ਪਸੰਦ ਨਹੀਂ ਕੀਤਾ। ਉਹ ਸਿਰਫ਼ ਹਨੇਰਾ ਹੀ ਚਾਹੁੰਦੇ ਸਨ। ਕਿਉਂਕਿ ਜਿਹੜੀਆਂ ਗੱਲਾਂ ਉਨ੍ਹਾਂ ਨੇ ਕੀਤੀਆਂ ਉਹ ਭਰਿਸ਼ਟ ਸਨ।




**We are all sinners!**

## 2. By that nature we are condemned.

**John 6:40** ਮੇਰੇ ਪਿਤਾ ਦੀ ਇੱਛਾ ਹੈ: ਹਰ ਕੋਈ ਜੋ ਪੁੱਤਰ ਨੂੰ ਵੇਖਦਾ ਅਤੇ ਉਸ ਵਿੱਚ ਨਿਹਚਾ ਰਖਦਾ ਹੈ ਸੋ ਸਦੀਵੀ ਜੀਵਨ ਪਾਵੇਗਾ। ਮੈਂ ਉਸਨੂੰ ਅੰਤ ਦੇ ਦਿਨ ਜਿਉਂਦਾ ਉਭਾਰਾਂਗਾ।”

**John 3:18** ਜਿਹੜਾ ਵਿਅਕਤੀ ਪਰਮੇਸ਼ੁਰ ਦੇ ਪੁੱਤਰ ਵਿੱਚ ਵਿਸ਼ਵਾਸ ਕਰਦਾ ਹੈ, ਦੋਸ਼ੀ ਨਹੀਂ ਮੰਨਿਆ ਜਾਵੇਗਾ। ਪਰ ਜੋ ਵਿਅਕਤੀ ਵਿਸ਼ਵਾਸ ਨਹੀਂ ਕਰਦਾ ਉਹ ਪਹਿਲਾਂ ਤੋਂ ਹੀ ਦੋਸ਼ੀ ਮੰਨਿਆ ਗਿਆ ਹੈ। ਕਿਉਂਕਿ ਉਸਨੂੰ ਪਰਮੇਸ਼ੁਰ ਦੇ ਇਕੱਲੇ ਪੁੱਤਰ ਉੱਤੇ ਵਿਸ਼ਵਾਸ ਨਹੀਂ।

**John 3:36** ਉਹ ਵਿਅਕਤੀ ਜਿਹੜਾ ਪੁੱਤਰ ਵਿੱਚ ਵਿਸ਼ਵਾਸ ਕਰਦਾ ਹੈ ਉਸ ਕੋਲ ਸਦੀਵੀ ਜੀਵਨ ਹੈ। ਪਰ ਉਹ ਜੋ ਪੁੱਤਰ ਨੂੰ ਨਹੀਂ ਮੰਨਦਾ ਉਸ ਕੋਲ ਜੀਵਨ ਨਹੀਂ ਹੋਵੇਗਾ। ਪਰਮੇਸ਼ੁਰ ਦਾ ਕ੍ਰੋਧ ਉਸ ਵਿਅਕਤੀ ਉੱਤੇ ਹੋਵੇਗਾ।”



**There is a cost for sin!**

## 3. Jesus was in the world and he died for us.

**John 14:6** ਯਿਸੂ ਨੇ ਆਖਿਆ, "ਮੈਂ ਹੀ ਰਸਤਾ, ਸੱਚ ਅਤੇ ਜੀਵਨ ਹਾਂ। ਮੇਰੇ ਰਾਹੀਂ ਆਉਣ ਤੋਂ ਬਿਨਾ ਕੋਈ ਪਿਤਾ ਕੋਲ ਨਹੀਂ ਆ ਸਕਦਾ।

**John 3:17** ਪਰਮੇਸ਼ੁਰ ਨੇ ਆਪਣੇ ਪੁੱਤਰ ਨੂੰ ਦੁਨੀਆਂ ਵਿੱਚ ਭੇਜ ਦਿੱਤਾ। ਪਰਮੇਸ਼ੁਰ ਨੇ ਆਪਣੇ ਪੁੱਤਰ ਨੂੰ ਇਸ ਦੁਨੀਆਂ ਅੰਦਰ ਲੋਕਾਂ ਨੂੰ ਦੋਸ਼ੀ ਪਰੱਖਣ ਲਈ ਨਹੀਂ ਭੇਜਿਆ ਸਗੋਂ ਉਸਨੇ ਆਪਣੇ ਪੁੱਤਰ ਨੂੰ ਦੁਨੀਆਂ ਨੂੰ ਉਸ ਰਾਹੀਂ ਬਚਾਉਣ ਲਈ ਭੇਜਿਆ।

**John 1:10,12** ਸ਼ਬਦ ਪਹਿਲਾਂ ਤੋਂ ਹੀ ਸੰਸਾਰ ਵਿੱਚ ਸੀ। ਉਸ ਰਾਹੀਂ ਸੰਸਾਰ ਰਚਿਆ ਗਿਆ ਸੀ। ਪਰ ਸੰਸਾਰ ਨੇ ਉਸਨੂੰ ਨਹੀਂ ਪਛਾਨਿਆ। ਕੁਝ ਲੋਕਾਂ ਨੇ ਉਸਨੂੰ ਕਬੂਲ ਕੀਤਾ ਅਤੇ ਉਸ ਵਿੱਚ ਵਿਸ਼ਵਾਸ ਕੀਤਾ, ਉਸਨੇ ਉਨ੍ਹਾਂ ਨੂੰ ਪਰਮੇਸ਼ੁਰ ਦੇ ਬੱਚੇ ਹੋਣ ਦਾ ਹੱਕ ਦਿੱਤਾ।

## 4. Salvation is a free gift, not by good works. You must take God’s word for it, and trust Jesus alone!

Acts 4:12 ਯਿਸੂ ਹੀ ਅਜਿਹਾ ਹੈ ਜੋ ਲੋਕਾਂ ਦੀ ਰੱਖਿਆ ਕਰ ਸਕਦਾ ਹੈ। ਉਸਦਾ ਨਾਂ ਹੀ ਪੂਰੇ ਸੰਸਾਰ ਵਿੱਚ ਇਕੱਲੀ ਸ਼ਕਤੀ ਹੈ ਜੋ ਲੋਕਾਂ ਨੂੰ ਬਚਾ ਸਕਦੀ ਹੈ। ਸਾਨੂੰ ਉਸਦੇ ਨਾਂ ਰਾਹੀਂ ਬਚਾਇਆ ਜਾਣਾ ਚਾਹੀਦਾ ਹੈ।”

Ephesians 2:8-9 ਮੇਰਾ ਕਹਿਣ ਦਾ ਭਾਵ ਹੈ ਕਿ ਤੁਸੀਂ ਨਿਹਚਾ ਰਾਹੀਂ ਪਰਮੇਸ਼ੁਰ ਦੀ ਕਿਰਪਾ ਦੁਆਰਾ ਬਚਾਏ ਗਏ ਹੋ। ਅਤੇ ਤੁਸੀਂ ਇਹ ਕਿਰਪਾ ਵਿਸ਼ਵਾਸ ਰਾਹੀਂ ਪ੍ਰਾਪਤ ਕੀਤੀ ਹੈ। ਤੁਸੀਂ ਆਪਣੇ ਆਪ ਨੂੰ ਨਹੀਂ ਬਚਾਇਆ ਇਹ ਤਾਂ ਪਰਮੇਸ਼ੁਰ ਵੱਲੋਂ ਦਿੱਤੀ ਦਾਤ ਸੀ। ਨਹੀਂ। ਤੁਸੀਂ ਆਪਣੇ ਉਨ੍ਹਾਂ ਕੰਮਾਂ ਰਾਹੀਂ ਨਹੀਂ ਬਚੇ ਜਿਹੜੇ ਤੁਸੀਂ ਕੀਤੇ ਹਨ। ਇਸ ਤਰੀਕੇ ਨਾਲ, ਕੋਈ ਵੀ ਵਿਅਕਤੀ ਘਮੰਡ ਨਹੀਂ ਕਰ ਸਕਦਾ ਕਿ ਉਸਨੇ ਖੁਦ ਨੂੰ ਬਚਾਇਆ।

Titus 3:5 ਉਸਨੇ ਆਪਣੀ ਮਿਹਰ ਕਾਰਣ ਸਾਡਾ ਛੁਟਕਾਰਾ ਕੀਤਾ, ਉਨ੍ਹਾਂ ਚੰਗੀਆਂ ਗੱਲਾਂ ਕਰਨ ਕਰਕੇ ਨਹੀਂ ਜਿਹੜੀਆਂ ਅਸੀਂ ਪਰਮੇਸ਼ੁਰ ਨਾਲ ਧਰਮੀ ਹੋਣ ਲਈ ਕਰਦੇ ਸਾਂ। ਉਸਨੇ ਅਜਿਹਾ ਸਾਨੂੰ ਇੱਕ ਇਸ਼ਨਾਨ ਕਰਵਾ ਕੇ ਕੀਤਾ ਜਿਸਨੇ ਸਾਨੂੰ ਪਵਿੱਤਰ ਆਤਮਾ ਰਾਹੀਂ ਨਵਾਂ ਇਨਸਾਨ ਬਣਾਇਆ।




## 5. You must believe on the Lord and you will have everlasting life!

**John 5:24** "ਮੈਂ ਤੁਹਾਨੂੰ ਸੱਚ ਦੱਸਦਾ ਹਾਂ, ਉਹ ਮੇਰੇ ਸ਼ਬਦ ਸੁਣਦਾ ਹੈ ਅਤੇ ਉਨ੍ਹਾਂ ਵਿੱਚ ਵਿਸ਼ਵਾਸ ਕਰਦਾ ਹੈ। ਉਹ ਇੱਕ, ਜਿਸਨੇ ਮੈਨੂੰ ਭੇਜਿਆ ਹੈ, ਸਦੀਵੀ ਜੀਵਨ ਹੈ। ਉਸਦਾ ਨਿਰਣਾ ਨਹੀਂ ਹੋਵੇਗਾ। ਉਸਨੂੰ ਮੌਤ ਤੋਂ ਮੁਕਤ ਕਰ ਦਿੱਤਾ ਗਿਆ ਹੈ ਅਤੇ ਉਹ ਸਦੀਵੀ ਜੀਵਨ ਵਿੱਚ ਦਾਖਲ ਹੋ ਚੁਕਿਆ ਹੈ।

**John 6:47** ਮੈਂ ਤੁਹਾਨੂੰ ਸੱਚ ਆਖਦਾ ਹਾਂ, ਜੋ ਮਨੁੱਖ ਨਿਹਚਾ ਰਖਦਾ ਹੈ ਸਦੀਵੀ ਜੀਵਨ ਪਾਉਂਦਾ ਹੈ।

John 10: 28 ਮੈਂ ਆਪਣੀਆਂ ਭੇਡਾਂ ਨੂੰ ਸਦੀਵੀ ਜੀਵਨ ਦਿੰਦਾ ਹਾਂ ਅਤੇ ਉਹ ਕਦੇ ਨਹੀਂ ਮਰਨਗੀਆਂ ਅਤੇ ਨਾਹੀ ਕੋਈ ਉਨ੍ਹਾਂ ਨੂੰ ਮੇਰੇ ਤੋਂ ਖੋਹ ਸਕਦਾ ਹੈ।



ਇਸ ਪ੍ਰਾਰਥਨਾ ਨੂੰ ਜਾਂ ਕਿਸੇ ਹੋਰ ਪ੍ਰਾਰਥਨਾ ਨੂੰ ਕਹਿਣਾ ਹੀ ਤੁਹਾਨੂੰ ਨਹੀਂ ਬਚਾਵੇਗਾ। ਇਹ ਕੇਵਲ ਯਿਸੂ ਮਸੀਹ ਵਿੱਚ ਵਿਸ਼ਵਾਸ ਰੱਖਣਾ ਹੀ ਹੈ ਜੋ ਤੁਹਾਨੂੰ ਪਾਪ ਤੋਂ ਬਚਾ ਸਕਦਾ ਹੈ। ਇਹ ਪ੍ਰਾਰਥਨਾ ਕੇਵਲ ਪਰਮੇਸ਼ਰ ਵਿੱਚ ਤੁਹਾਡਾ ਵਿਸ਼ਵਾਸ ਪ੍ਰਗਟ ਕਰਨ ਅਤੇ ਤੁਹਾਡੀ ਮੁਕਤੀ ਵਾਸਤੇ ਉਸਦਾ ਧੰਨਵਾਦ ਕਰਨ ਦਾ ਤਰੀਕਾ ਹੈ।



"ਪਰਮੇਸ਼ਰ,

ਮੈਂ ਜਾਣਦਾ ਹਾਂ ਕਿ ਮੈਂ ਤੇਰੇ ਖਿਲਾਫ ਪਾਪ ਕੀਤਾ ਹੈ ਅਤੇ ਮੈਂ ਸਜ਼ਾ ਦਾ ਹੱਕਦਾਰ ਹਾਂ। ਪਰ ਯਿਸੂ ਮਸੀਹ ਨੇ ਉਹ ਸਜ਼ਾ ਲੈ ਲਈ ਜਿਸਦਾ ਹੱਕਦਾਰ ਮੈਂ ਸੀ ਤਾਂ ਜੋ ਉਸ ਵਿੱਚ ਵਿਸ਼ਵਾਸ ਕਰਨ ਰਾਹੀਂ ਮੈਨੂੰ ਮਾਫ ਕਰ ਦਿੱਤਾ ਜਾਵੇ। ਮੈਂ ਆਪਣੇ ਪਾਪ ਤੋਂ ਦੂਰ ਹੱਟਦਾ ਹਾਂ ਅਤੇ ਮੈਨੂੰ ਆਪਣੀ ਮੁਕਤੀ ਲਈ ਤੇਰੇ ਉਪਰ ਭਰੋਸਾ ਹੈ। ਤੇਰੀ ਸ਼ਾਨਦਾਰ ਮਹਿਮਾ ਅਤੇ ਮਾਫੀ ਵਾਸਤੇ ਤੇਰਾ ਧੰਨਵਾਦ ! ਆਮੀਨ"

**Amazing Grace Publishing *PO Box 1963 * Joshua TX 76058 * 817-426-1828 * E-Mail JamesAV@aol.com**